# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 05-04-2026**

## <u>ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ</u>

- ਸਰਕਾਰ ਦੇਸ਼ ਭਰ ਵਿੱਚ ਪੈਟਰੋਲ, ਡੀਜ਼ਲ ਅਤੇ LPG ਦੀ ਉਪਲਬਧਤਾ ਬਣਾਈ ਰੱਖਣ ਲਈ ਹਰ ਸੰਭਵ ਉਪਰਾਲੇ ਕਰ ਰਹੀ ਏ।
- ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਈ ਸੂਬਿਆਂ ਵਿੱਚ ਭਾਰੀ ਬਾਰਿਸ਼ ਅਤੇ ਗੜੇਮਾਰੀ ਦਾ ਨੋਟਿਸ ਲੈਂਦਿਆਂ ਅਧਿਕਾਰੀਆਂ ਨੂੰ ਫਸਲਾਂ ਦੇ ਨੁਕਸਾਨ ਦਾ ਮੁਲਾਂਕਣ ਕਰਨ ਦੇ ਨਿਰਦੇਸ਼ ਦਿੱਤੇ ।
- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਦੋ ਮੁਲਜ਼ਮਾਂ ਨੂੰ 4 ਕਿਲੋ ਤੋਂ ਵੱਧ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ।
- ਰਾਸ਼ਟਰਪਤੀ, ਉਪ ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਈਸਟਰ ਮੌਕੇ ਲੋਕਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ । ਅਤੇ

- IPL ਕ੍ਰਿਕਟ ਵਿਚ ਅੱਜ ਰਾਇਲ ਚੈਲੇਂਜਰਜ਼ ਬੰਗਲੁਰੂ ਦਾ ਮੁਕਾਬਲਾ ਚੇਨਈ ਸੁਪਰ ਕਿੰਗਜ਼ ਨਾਲ ਸ਼ਾਮੀਂ ਸਾਢੇ 7 ਵਜੇ ਹੋਵੇਗਾ ।

## ਹੁਣ ਖਬਰਾਂ ਵਿਸਥਾਰ ਨਾਲ

---

ਸਰਕਾਰ ਦੇਸ਼ ਭਰ ਵਿੱਚ ਪੈਟਰੋਲ, ਡੀਜ਼ਲ ਅਤੇ LPG ਦੀ ਉਪਲਬਧਤਾ ਬਣਾਈ ਰੱਖਣ ਲਈ ਹਰ ਸੰਭਵ ਉਪਰਾਲੇ ਕਰ ਰਹੀ ਏ । ਸਰਕਾਰ ਨੇ ਨਾਗਰਿਕਾਂ ਨੂੰ LPG ਸਿਲੰਡਰ ਬੁੱਕ ਕਰਨ ਲਈ ਡਿਜੀਟਲ ਤਰੀਕਿਆਂ ਦੀ ਵਰਤੋਂ ਕਰਨ ਅਤੇ ਗੈਸ ਸਪਲਾਈ ਕਰਨ ਵਾਲਿਆਂ ਕੋਲ ਬੇਲੋੜਾ ਜਾਣ ਤੋਂ ਬਚਣ ਦੀ ਅਪੀਲ ਕੀਤੀ ਏ । ਤੇਲ ਅਤੇ ਕੁਦਰਤੀ ਗੈਸ ਮੰਤਰਾਲੇ ਨੇ ਦਸਿਆ ਕਿ ਫਰਵਰੀ 2025 ਤੋਂ LPG ਸਪਲਾਈ 53 ਫੀਸਦੀ ਤੋਂ ਵਧ ਕੇ 90 ਫੀਸਦੀ ਹੋ ਗਈ ਏ । ਮੰਤਰਾਲੇ ਨੇ ਦੱਸਿਆ ਕਿ ਕੱਲ੍ਹ 90 ਹਜ਼ਾਰ ਤੋਂ ਵੱਧ ਪੰਜ-ਕਿਲੋਗ੍ਰਾਮ ਵਾਲੇ FTL ਛੋਟੇ ਸਿਲੰਡਰ ਵੰਡੇ ਗਏ ਸਨ। ਇਹ ਛੋਟੇ ਸਿਲੰਡਰ ਨਜ਼ਦੀਕੀ LPG ਡਿਸਟ੍ਰੀਬਿਊਟਰ ਕੋਲ ਉਪਲਬਧ ਨੇ ਅਤੇ ਕੋਈ ਵੀ ਵੈਧ ਪਛਾਣ ਦਸਤਾਵੇਜ਼ ਪੇਸ਼ ਕਰਕੇ ਖਰੀਦੇ ਜਾ ਸਕਦੇ ਨੇ । ਇਸ ਲਈ ਕਿਸੇ ਰਿਹਾਇਸ਼ੀ ਪਤੇ ਦੀ ਲੋੜ ਨਹੀਂ ਏ । ਮੰਤਰਾਲੇ ਨੇ ਦੱਸਿਆ ਕਿ ਮਾਰਚ 2026 ਤੋਂ ਹੁਣ ਤੱਕ ਲਗਭਗ 3 ਲਖ 60 ਹਜ਼ਾਰ PNG ਗੈਸ ਕੁਨੈਕਸ਼ਨ ਜਾਰੀ ਕੀਤੇ ਗਏ ਨੇ । ਇਸ ਤੋਂ ਇਲਾਵਾ 3 ਲਖ 90 ਹਜ਼ਾਰ ਤੋਂ ਵੱਧ ਖਪਤਕਾਰਾਂ ਨੇ ਨਵੇਂ

ਕੁਨੈਕਸ਼ਨਾਂ ਲਈ ਰਜਿਸਟਰ ਕੀਤਾ ਏ ।

-------------------------------------------------------

ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰੀ ਹਰਦੀਪ ਸਿੰਘ ਪੁਰੀ ਨੇ ਕਿਹਾ ਏ ਕਿ ਭਾਰਤ ਈਰਾਨ ਸਮੇਤ 40 ਤੋਂ ਵੱਧ ਦੇਸ਼ਾਂ ਤੋਂ ਕਚੇ ਤੇਲ ਦੀ ਦਰਾਮਦ ਕਰ ਰਿਹਾ ਏ , ਅਤੇ ਈਰਾਨੀ ਕੱਚੇ ਤੇਲ ਦੀ ਖਰੀਦ ਵਿੱਚ ਕੋਈ ਅਦਾਇਗੀ ਸਮੱਸਿਆ ਨਹੀਂ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਪੁਰੀ ਨੇ ਰਿਪੋਰਟਾਂ ਅਤੇ ਸੋਸ਼ਲ ਮੀਡੀਆ ਦੇ ਦਾਅਵਿਆਂ ਨੂੰ ਖਾਰਜ ਕਰ ਦਿੱਤਾ ਕਿ ਅਦਾਇਗੀ ਸਮੱਸਿਆਵਾਂ ਕਾਰਨ ਭਾਰਤ ਦੇ ਵਾਡੀਨਾਰ ਤੋਂ ਇੱਕ ਈਰਾਨੀ ਕੱਚੇ ਮਾਲ ਨੂੰ ਚੀਨ ਭੇਜਿਆ ਗਿਆ ਸੀ। ਉਨ੍ਹਾਂ ਨੇ ਅਜਿਹੀਆਂ ਰਿਪੋਰਟਾਂ ਨੂੰ ਤੱਥਾਂ ਮੁਤਾਬਿਕ ਫਰਜ਼ੀ ਕਰਾਰ ਦਿੱਤਾ।

-------------------------------------------------------

ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਈ ਸੂਬਿਆਂ ਵਿੱਚ ਭਾਰੀ ਬਾਰਿਸ਼ ਅਤੇ ਗੜੇਮਾਰੀ ਦਾ ਨੋਟਿਸ ਲਿਆ ਅਤੇ ਅਧਿਕਾਰੀਆਂ ਨੂੰ ਫਸਲਾਂ ਦੇ ਨੁਕਸਾਨ ਦਾ ਮੁਲਾਂਕਣ ਕਰਨ ਦੇ ਨਿਰਦੇਸ਼ ਦਿੱਤੇ ਹਨ। ਸ਼੍ਰੀ ਚੌਹਾਨ ਨੇ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਨੂੰ ਚਿੰਤਾ ਕਰਨ ਦੀ ਜ਼ਰੂਰਤ ਨਹੀਂ ਏ ਅਤੇ ਕਿਹਾ ਕਿ ਸਰਕਾਰ ਇਸ ਸੰਕਟ ਦੀ ਘੜੀ ਵਿੱਚ ਉਨ੍ਹਾਂ ਦੇ ਨਾਲ ਖੜ੍ਹੀ ਏ ।

ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰਾਲੇ ਦੇ ਅਨੁਸਾਰ, ਸ਼੍ਰੀ ਚੌਹਾਨ ਨੇ ਅਧਿਕਾਰੀਆਂ ਨੂੰ ਬੇਮੌਸਮੀ ਬਾਰਿਸ਼ ਅਤੇ ਗੜੇਮਾਰੀ ਦੇ ਪ੍ਰਭਾਵ ਦੀ ਸਮੀਖਿਆ ਕਰਨ ਅਤੇ ਪ੍ਰਭਾਵਿਤ ਰਾਜਾਂ ਤੋਂ ਵਿਸਥਾਰ ਚ ਜਾਣਕਾਰੀ ਇਕੱਠੀ ਕਰਨ ਲਈ ਕਿਹਾ ਹੈ। ਮੰਤਰੀ ਨੇ ਅਧਿਕਾਰੀਆਂ ਨੂੰ ਸਥਿਤੀ ਦੀ ਨਿਗਰਾਨੀ ਕਰਨ ਲਈ ਰਾਜ ਅਧਿਕਾਰੀਆਂ ਨਾਲ ਨਜ਼ਦੀਕੀ ਤਾਲਮੇਲ ਵਿੱਚ ਰਹਿਣ ਦੇ ਨਿਰਦੇਸ਼ ਵੀ ਦਿੱਤੇ। ਮੰਤਰਾਲੇ ਨੇ ਜ਼ਿਕਰ ਕੀਤਾ ਕਿ ਸ਼੍ਰੀ ਚੌਹਾਨ ਨੁਕਸਾਨ ਦੀ ਸਮੀਖਿਆ ਕਰਨ ਅਤੇ ਸਥਿਤੀ ਨੂੰ ਹੱਲ ਕਰਨ ਲਈ ਜ਼ਰੂਰੀ ਕਦਮ ਚੁੱਕਣ ਲਈ ਸਬੰਧਤ ਰਾਜਾਂ ਦੇ ਖੇਤੀਬਾੜੀ ਮੰਤਰੀਆਂ ਨਾਲ ਵੀ ਚਰਚਾ ਕਰਨਗੇ।

---

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕੱਲ 6 ਅਪ੍ਰੈਲ ਨੂੰ ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ PRTC ਦੀਆਂ 100 ਨਵੀਆਂ ਬੱਸਾਂ ਨੂੰ ਰਵਾਨਾ ਕਰਨਗੇ । ਪੰਜਾਬ ਦੇ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਕੁੱਲ 100 ਮਿਡੀ ਅਤੇ 309 ਸਾਧਾਰਨ ਬੱਸਾਂ ਦੀ ਖਰੀਦ ਲਈ ਲਗਭਗ 125 ਕਰੋੜ ਰੁਪਏ ਦਾ ਪੂੰਜੀਗਤ ਨਿਵੇਸ਼ ਕਰ ਰਹੀ ਏ , ਜਿਨ੍ਹਾਂ ਨੂੰ ਪੜਾਅਵਾਰ ਢੰਗ ਨਾਲ ਬੇੜੇ ਵਿੱਚ ਸ਼ਾਮਲ ਕੀਤਾ ਜਾਵੇਗਾ। ਜਨਤਕ ਟਰਾਂਸਪੋਰਟ ਦੀ ਵੱਧ ਰਹੀ ਮੰਗ ਨੂੰ ਤੇਜ਼ੀ ਨਾਲ ਪੂਰਾ ਕਰਨ ਅਤੇ ਕਾਰਪੋਰੇਸ਼ਨ ਦੀ ਸੰਚਾਲਨ ਸਮਰੱਥਾ

ਨੂੰ ਹੋਰ ਵਧਾਉਣ ਲਈ, ਪੀ.ਆਰ.ਟੀ.ਸੀ. ਕਿਲੋਮੀਟਰ ਸਕੀਮ ਤਹਿਤ 254 ਵਾਧੂ ਸਾਧਾਰਨ ਬੱਸਾਂ ਵੀ ਪਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਇਹ ਰਣਨੀਤਕ ਕਦਮ ਮੁੱਖ ਰੂਟਾਂ 'ਤੇ ਕੁਸ਼ਲ ਸੇਵਾ ਪ੍ਰਦਾਨ ਕਰਨ ਨੂੰ ਯਕੀਨੀ ਬਣਾਉਣ ਲਈ ਤਿਆਰ ਕੀਤਾ ਗਿਆ ਹੈ। ਟਰਾਂਸਪੋਰਟ ਦੇ ਵਿਕਾਸ ਬਾਰੇ ਵਿਆਪਕ ਖਾਕੇ 'ਤੇ ਚਾਨਣਾ ਪਾਉਂਦਿਆਂ, ਵਿੱਤ ਮੰਤਰੀ ਨੇ ਪਨਬੱਸ ਲਈ ਵਿਸਥਾਰ ਯੋਜਨਾ ਵੀ ਸਾਂਝੀ ਕੀਤੀ। ਉਨ੍ਹਾਂ ਕਿਹਾ ਸਰਕਾਰ ਵੱਲੋਂ ਪਨਬੱਸ ਦੇ ਬੇੜੇ ਵਿੱਚ ਕੁੱਲ 606 ਬੱਸਾਂ ਸ਼ਾਮਲ ਕਰਨ ਦੀ ਯੋਜਨਾ ਏ ।

---

ਪੰਜਾਬ ਪੁਲਿਸ ਦੇ ਕਾਊਂਟਰ ਇੰਟੈਲੀਜੈਂਸ ਵਿੰਗ ਨੇ ਚੰਡੀਗੜ੍ਹ ਪੁਲਿਸ ਨਾਲ ਸਾਂਝੇ ਆਪ੍ਰੇਸ਼ਨ ਤਹਿਤ ਚੰਡੀਗੜ੍ਹ ਸਥਿਤ ਪੰਜਾਬ BJP ਦਫ਼ਤਰ 'ਤੇ ਹੋਏ ਗ੍ਰਨੇਡ ਹਮਲੇ 'ਚ ਸ਼ਾਮਲ ਪੰਜ ਮੁਲਜ਼ਮਾਂ ਨੂੰ ਹੱਥ ਗੋਲੇ ਪਿਸਤੌਲ ਤੇ ਹੋਰ ਗੋਲੀ-ਸਿੱਕੇ ਨਾਲ ਗ੍ਰਿਫ਼ਤਾਰ ਕੀਤਾ ਏ । ਇਸ ਬਾਰੇ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਚੰਡੀਗੜ੍ਹ ਵਿਖੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ ਵੇਰਵੇ ਸਾਂਝੇ ਕੀਤੇ ।

BYTE: RNU050426

---

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਦੋ ਮੁਲਜ਼ਮਾਂ ਨੂੰ 4 ਕਿਲੋ ਤੋਂ ਵੱਧ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਏ । ਮੁੱਢਲੀ ਜਾਂਚ ਤੋਂ ਪਤਾ ਲੱਗਿਆ ਏ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਯੂਰਪ-ਅਧਾਰਤ ਹੈਂਡਲਰਾਂ ਅਤੇ ਜੇਲ੍ਹ ਵਿੱਚ ਬੰਦ ਕਾਰਕੁਨਾਂ ਨਾਲ ਸਿੱਧੇ ਸੰਪਰਕ ਵਿੱਚ ਸਨ, ਜੋ ਸਰਹੱਦ ਪਾਰ ਨਸ਼ੀਲੇ ਪਦਾਰਥਾਂ ਦੀ ਤਸਕਰੀ ਵਿੱਚ ਸਹਾਇਤਾ ਕਰਦੇ ਸਨ ਅਤੇ ਮਾਝਾ ਅਤੇ ਦੋਆਬਾ ਖੇਤਰਾਂ ਵਿੱਚ ਖੇਪ ਵੰਡਦੇ ਸਨ। ਦੋਵਾਂ ਮੁਲਜ਼ਮਾਂ ਖਿਲਾਫ ਨਸ਼ਿਆਂ ਨੂੰ ਰੋਕਣ ਬਾਰੇ ਅਤੇ ਅਸਲਾ ਐਕਟ ਤਹਿਤ ਪਹਿਲਾਂ ਵੀ ਅਪਰਾਧਿਕ ਮਾਮਲੇ ਦਰਜ ਨੇ । ਇਸ ਬਾਰੇ ਅਗਲੇਰੀ ਜਾਂਚ ਜਾਰੀ ਏ ।

---------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਸੀ.ਪੀ ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਈਸਟਰ ਮੌਕੇ 'ਤੇ ਰਾਸ਼ਟਰ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ। ਆਪਣੇ ਸੰਦੇਸ਼ ਵਿੱਚ, ਰਾਸ਼ਟਰਪਤੀ ਨੇ ਨਾਗਰਿਕਾਂ ਨੂੰ ਸਦਭਾਵਨਾ, ਸ਼ਾਂਤੀ ਅਤੇ ਭਾਈਚਾਰੇ ਨੂੰ ਉਤਸ਼ਾਹਿਤ ਕਰਨ ਅਤੇ ਇੱਕ ਬਿਹਤਰ ਭਵਿੱਖ ਲਈ ਸਮੂਹਿਕ ਤੌਰ 'ਤੇ ਯਤਨ ਕਰਨ ਦੇ ਆਪਣੇ ਸੰਕਲਪ ਨੂੰ ਦੁਹਰਾਉਣ ਦਾ ਸੱਦਾ ਦਿੱਤਾ। ਉਪ ਰਾਸ਼ਟਰਪਤੀ ਸੀ ਪੀ ਰਾਧਾਕ੍ਰਿਸ਼ਨਨ ਨੇ ਅੱਜ ਈਸਟਰ ਦੇ ਮੌਕੇ 'ਤੇ

ਦੇਸ਼ ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਪ ਰਾਸ਼ਟਰਪਤੀ ਨੇ ਕਿਹਾ ਕਿ ਯਿਸੂ ਮਸੀਹ ਦਾ ਜੀਵਨ ਅਤੇ ਸਿੱਖਿਆਵਾਂ ਪਿਆਰ, ਕੁਰਬਾਨੀ, ਮਾਫ਼ੀ ਅਤੇ ਦੂਜਿਆਂ ਦੀ ਸੇਵਾ ਦੀਆਂ ਸਥਾਈ ਕਦਰਾਂ-ਕੀਮਤਾਂ ਨੂੰ ਦਰਸਾਉਂਦੀਆਂ ਨੇ। ਉਨ੍ਹਾਂ ਕਿਹਾ ਕਿ ਇਹ ਪਵਿੱਤਰ ਮੌਕਾ ਲੋਕਾਂ ਨੂੰ ਸੱਚਾਈ ਨੂੰ ਕਾਇਮ ਰੱਖਣ, ਨਿਮਰਤਾ ਨੂੰ ਅਪਣਾਉਣ ਅਤੇ ਸਾਰਿਆਂ ਦੇ ਭਲੇ ਲਈ ਰਲ ਕੇ ਕੰਮ ਕਰਨ ਲਈ ਪ੍ਰੇਰਿਤ ਕਰਦਾ ਏ। ਪ੍ਰਧਾਨ ਮੰਤਰੀ ਮੋਦੀ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਇਸ ਦਿਨ ਨੂੰ ਉਮੀਦ ਅਤੇ ਨਵੇਂ ਜੀਵਨ ਦੇ ਜਸ਼ਨ ਵਜੋਂ ਦਰਸਾਇਆ ਅਤੇ ਵਿਸ਼ਵਾਸ ਪ੍ਰਗਟ ਕੀਤਾ ਕਿ ਇਹ ਤਿਉਹਾਰ ਸਾਰਿਆਂ ਦੇ ਜੀਵਨ ਨੂੰ ਰੌਸ਼ਨ ਕਰੇਗਾ ਅਤੇ ਸ਼ਾਂਤੀ ਅਤੇ ਖੁਸ਼ੀ ਲਿਆਵੇਗਾ।

---------------------------------------------------------

ਜ਼ਬਰ ਜਨਾਹ ਮਾਮਲੇ 'ਚ ਗ੍ਰਿਫਤਾਰ ਕੀਤੇ ਗਏ ਹਲਕਾ ਸਨੌਰ ਤੋਂ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਨੂੰ ਪਟਿਆਲਾ ਅਦਾਲਤ ਨੇ ਇੱਕ ਦਿਨ ਦੇ ਪੁਲਿਸ ਰਿਮਾਂਡ ਤੇ ਹੋਰ ਭੇਜ ਦਿੱਤਾ ਏ । ਪੁਲਿਸ ਨੇ 7 ਦਿਨ ਦਾ ਰਿਮਾਂਡ ਅੱਜ ਖਤਮ ਹੋਣ ਮਗਰੋਂ ਫਿਰ ਤੌ ਪਠਾਣਮਾਜਰਾ ਨੂੰ ਅਦਾਲਤ 'ਚ ਪੇਸ਼ ਕੀਤਾ ਜਿਥੇ ਅਦਾਲਤ ਨੇ ਸਿਰਫ ਇੱਕ ਦਿਨ ਦਾ ਹੋਰ ਪੁਲਿਸ ਰਿਮਾਂਡ ਦਿੱਤਾ ਅਤੇ ਕੱਲ ਸੋਮਵਾਰ ਨੂੰ ਫਿਰ ਤੋਂ ਪੁਲਿਸ ਪਠਾਣਮਾਜਰਾ ਨੂੰ ਅਦਾਲਤ ਵਿੱਚ ਪੇਸ਼ ਕਰੇਗੀ ।

---

ਸਰਹਿੰਦ ਸ਼ਹਿਰ ਵਿੱਚ ਇੱਕ ਪੁਰਾਣੇ ਕੂੜੇ ਦੇ ਡੰਪ ਨੂੰ ਪੂਰੀ ਤਰ੍ਹਾਂ ਸਾਫ਼ ਕਰਕੇ ਉੱਥੇ ਇੱਕ ਖ਼ੂਬਸੂਰਤ ਪਾਰਕ ਦੀ ਉਸਾਰੀ ਕੀਤੀ ਜਾ ਰਹੀ ਏ ਹਲਕਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਲਖਬੀਰ ਸਿੰਘ ਰਾਏ ਨੇ ਇਸ ਕੰਮ ਦਾ ਜਾਇਜ਼ਾ ਲਿਆ। ਊਨਾ ਦੱਸਿਆ ਕਿ ਸ਼ਹਿਰ ਦੀ ਦਿੱਖ ਸੰਵਾਰਨ ਅਤੇ ਵਾਤਾਵਰਣ ਨੂੰ ਸ਼ੁੱਧ ਰੱਖਣ ਲਈ ਸਰਕਾਰ ਵਚਨਬੱਧ ਏ। ਉਨ੍ਹਾਂ ਕਿਹਾ ਕਿ ਕਈ ਸਾਲਾਂ ਤੋਂ ਇਸ ਸਥਾਨ 'ਤੇ ਕੂੜੇ ਦੇ ਢੇਰ ਲੱਗੇ ਹੋਏ ਸਨ, ਜਿਸ ਕਾਰਨ ਆਸ-ਪਾਸ ਦੇ ਰਹਿਣ ਵਾਲੇ ਲੋਕਾਂ ਅਤੇ ਰਾਹਗੀਰਾਂ ਨੂੰ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਹੁਣ ਇਸ ਥਾਂ ਨੂੰ ਸੋਹਣਾ ਬਣਾ ਕੇ ਲੋਕਾਂ ਦੇ ਸੈਰ ਕਰਨ ਅਤੇ ਬੱਚਿਆਂ ਦੇ ਖੇਡਣ ਲਈ ਵਰਤਿਆ ਜਾਵੇਗਾ। ਵਿਧਾਇਕ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਪਾਰਕ ਦੀ ਉਸਾਰੀ ਦਾ ਕੰਮ ਮਿੱਥੇ ਸਮੇਂ ਅੰਦਰ ਅਤੇ ਮਿਆਰੀ ਸਮੱਗਰੀ ਨਾਲ ਮੁਕੰਮਲ ਕੀਤਾ ਜਾਵੇ।

---

ਉੱਤਰੀ ਭਾਰਤ ਵਿੱਚ ਹੋਈ ਵਰਖਾ ਤੇ ਗੜੇਮਾਰੀ ਨੇ ਪੰਜਾਬ, ਹਰਿਆਣਾ ਅਤੇ ਰਾਜਸਥਾਨ ਦੇ ਕੁਝ ਹਿੱਸਿਆਂ ਨੂੰ ਪ੍ਰਭਾਵਿਤ ਕੀਤਾ ਏ, ਜਿਸ ਨਾਲ ਕਿਸਾਨਾਂ ਵਿੱਚ ਫਸਲਾਂ ਦੇ ਸੰਭਾਵੀ ਨੁਕਸਾਨ ਬਾਰੇ ਚਿੰਤਾਵਾਂ ਵਧ ਗਈਆਂ ਹਨ। ਜੰਮੂ-ਕਸ਼ਮੀਰ ਵਿੱਚ, ਬਰਫ਼ਬਾਰੀ ਕਾਰਨ ਕਈ ਮੁੱਖ ਅੰਤਰ-ਜ਼ਿਲ੍ਹਾ

ਸੜਕਾਂ ਬੰਦ ਹੋ ਗਈਆਂ ਨੇ । ਮੌਸਮ ਵਿਭਾਗ,ਦਾ ਕਹਿਣਾ ਏ ਕਿ ਇਹ ਹਾਲਾਤ ਇੱਕ ਸਰਗਰਮ ਪੱਛਮੀ ਗੜਬੜੀ ਕਾਰਨ ਬਣੇ ਨੇ ਆਉਣ ਵਾਲੇ ਦਿਨਾਂ ਵਿੱਚ ਇਸਦਾ ਪ੍ਰਭਾਵ ਰਾਜਸਥਾਨ ਵਿੱਚ ਦੇਖਣ ਨੂੰ ਮਿਲਣ ਦੀ ਸੰਭਾਵਨਾ ਏ । ਇਸੇ ਦੌਰਾਨ ਮੌਸਮ ਵਿਭਾਗ ਨੇ ਕੱਲ ਪੰਜਾਬ ਭਰ ਵਿਚ ਗਰਜ ਚਮਕ ਨਾਲ 30 ਤੋਂ 40 ਕਿਲੋਮੀਟਰ ਪ੍ਰਤੀ ਘੰਟੇ ਦੀ ਰਫਤਾਰ ਨਾਲ ਹਵਾਵਾਂ ਵਗਣ ਦੀ ਪੇਸ਼ੀਨਗੋਈ ਕੀਤੀ ਏ

---------------------------------------------------------------

IPL ਕ੍ਰਿਕਟ ਵਿੱਚ ਅੱਜ ਰਾਇਲ ਚੈਲੇਂਜਰਜ਼ ਬੰਗਲੁਰੂ ਦਾ ਮੁਕਾਬਲਾ ਚੇਨਈ ਸੁਪਰ ਕਿੰਗਜ਼ ਨਾਲ ਬੰਗਲੁਰੂ ਦੇ ਐਮ. ਚਿੰਨਾਸਵਾਮੀ ਸਟੇਡੀਅਮ ਵਿੱਚ ਹੋਵੇਗਾ।
ਇਹ ਮੈਚ ਸ਼ਾਮੀਂ ਸਾਢੇ 7 ਵਜੇ ਖੇਡਿਆ ਜਾਵੇਗਾ

---------------------------------------------------------------

ਫੌਜ ਦੀ ਵਜਰ ਕੋਰ, 6 ਤੋਂ 10 ਅਪ੍ਰੈਲ ਤੱਕ ਜਲੰਧਰ ਛਾਉਣੀ ਵਿਖੇ ਵਜਰ ਐਸਟ੍ਰੋਟਰਫ ਹਾਕੀ ਸਟੇਡੀਅਮ ਚ 'ਇੰਟਰ ਫਾਰਮੇਸ਼ਨ ਹਾਕੀ ਚੈਂਪੀਅਨਸ਼ਿਪ' ਦੀ ਮੇਜ਼ਬਾਨੀ ਕਰੇਗੀ । ਇਸ ਪ੍ਰੋਗਰਾਮ ਵਿੱਚ ਵੱਖ-ਵੱਖ ਫਾਰਮੇਸ਼ਨਾਂ ਵਿਚਕਾਰ ਮੁਕਾਬਲੇ ਵਾਲੇ ਮੈਚ ਹੋਣਗੇ, ਜੋ ਜਵਾਨਾਂ ਦੀ ਖੇਡ ਪ੍ਰਤਿਭਾ ਨੂੰ ਪ੍ਰਦਰਸ਼ਿਤ ਕਰਨਗੇ। ਚੈਂਪੀਅਨਸ਼ਿਪ ਦੀ ਸ਼ਾਨ ਨੂੰ

ਵਧਾਉਣ ਲਈ, ਕਈ ਉਘੀਆਂ ਹਸਤੀਆਂ ਅਤੇ ਪ੍ਰਸਿੱਧ ਓਲੰਪਿਕ ਹਾਕੀ ਖਿਡਾਰੀ ਵੀ ਹਿੱਸਾ ਲੈਣਗੇ। ਇਸ ਟੂਰਨਾਮੈਂਟ ਦਾ ਉਦੇਸ਼ ਹਥਿਆਰਬੰਦ ਸੈਨਾਵਾਂ ਦੇ ਅੰਦਰ ਸਰੀਰਕ ਤੰਦਰੁਸਤੀ ਨੂੰ ਬਿਹਤਰ ਬਣਾਉਣ, ਵੱਖ-ਵੱਖ ਫਾਰਮੇਸ਼ਨਾਂ ਵਿੱਚ ਤਾਲਮੇਲ ਵਧਾਉਣਾ ਏ।

-----------------------------------------------------------------

ਸਰਕਾਰ ਦੇਸ਼ ਭਰ ਵਿੱਚ ਪੈਟਰੋਲ, ਡੀਜ਼ਲ ਅਤੇ LPG ਦੀ ਉਪਲਬਧਤਾ ਬਣਾਈ ਰੱਖਣ ਲਈ ਹਰ ਸੰਭਵ ਉਪਰਾਲੇ ਕਰ ਰਹੀ ਏ।

- ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਈ ਸੂਬਿਆਂ ਵਿੱਚ ਭਾਰੀ ਬਾਰਿਸ਼ ਅਤੇ ਗੜੇਮਾਰੀ ਦਾ ਨੋਟਿਸ ਲੈਂਦਿਆਂ ਅਧਿਕਾਰੀਆਂ ਨੂੰ ਫਸਲਾਂ ਦੇ ਨੁਕਸਾਨ ਦਾ ਮੁਲਾਂਕਣ ਕਰਨ ਦੇ ਨਿਰਦੇਸ਼ ਦਿੱਤੇ।
- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਦੋ ਮੁਲਜ਼ਮਾਂ ਨੂੰ 4 ਕਿਲੋ ਤੋਂ ਵੱਧ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ।
- ਰਾਸ਼ਟਰਪਤੀ, ਉਪ ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਈਸਟਰ ਮੌਕੇ ਲੋਕਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਅਤੇ

- IPL ਕ੍ਰਿਕਟ ਵਿਚ ਅੱਜ ਰਾਇਲ ਚੈਲੇਂਜਰਜ਼ ਬੰਗਲੂਰੂ ਦਾ ਮੁਕਾਬਲਾ ਚੇਨਈ ਸੁਪਰ ਕਿੰਗਜ਼ ਨਾਲ ਸ਼ਾਮੀਂ ਸਾਢੇ 7 ਵਜੇ ਹੋਵੇਗਾ।

---------------------------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**